
Provincial Health Services Authority

ਅਸੀਂ ਤੁਹਾਡੀ ਸਹਾਇਤਾ ਕਰਨ ਅਤੇ ਤੁਹਾਡੇ ਇਲਾਜ ਨੂੰ ਵੱਧ ਤੋਂ ਵੱਧ ਆਰਾਮਦਾਇਕ ਅਤੇ ਸਫ਼ਲ ਬਣਾਉਣ ਲਈ ਤੁਹਾਨੂੰ ਇਹ ਜਾਣਕਾਰੀ ਦੇ ਰਹੇ ਹਾਂ। ਜੇ ਤੁਹਾਡੇ ਕੋਈ ਸਵਾਲ ਹਨ ਤਾਂ ਕਿਰਪਾ ਕਰਕੇ ਆਪਣੀ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਨੂੰ ਪੁੱਛੋ।



ਇਹ ਦਸਤਾਵੇਜ਼ ਉਨ੍ਹਾਂ ਲੋਕਾਂ ਲਈ ਜਿਨ੍ਹਾਂ ਦਾ **ਛਾਤੀ ਦੇ ਹਿੱਸੇ** ਵਿੱਚ ਰੇਡੀਏਸ਼ਨ ਟ੍ਰੀਟਮੈਂਟ ਕੀਤਾ ਜਾ ਰਿਹਾ ਹੈ। ਇਸ ਵਿੱਚ ਬ੍ਰੈਸਟ ਜਾਂ ਛਾਤੀ ਦੀ ਕੰਧ ਸ਼ਾਮਲ ਨਹੀਂ ਹੈ।

ਛਾਤੀ ਵਿਚਲੇ ਕੁਝ ਅੰਗਾਂ ਵਿੱਚ ਸ਼ਾਮਲ ਹਨ:

- ਫੇਫੜੇ
- ਭੋਜਨ ਵਾਲੀ ਨਲੀ
- ਸਾਹ ਵਾਲੀ ਨਲੀ
- ਥਾਈਮਸ
- ਮੀਡੀਆਸਟਿਨਮ
- ਦਿਲ

# ਅਪੌਇੰਟਮੈਂਟਾਂ ਅਤੇ ਸਕੈਜੂਅਲ ਕਰਨਾ

## Appointments and Scheduling

- <u>ਮਰੀਜ਼ ਪਛਾਣ ਨੀਤੀ</u>: ਤੁਹਾਡੀ ਸੁਰੱਖਿਆ ਵਾਸਤੇ ਅਸੀਂ ਰੇਡੀਏਸ਼ਨ ਥੈਰੇਪੀ ਸਮੇਤ ਹਰ ਟੈਸਟ ਪ੍ਰਕਿਰਿਆ ਜਾਂ ਟ੍ਰੀਟਮੈਂਟ ਤੋਂ ਪਹਿਲਾਂ ਤੁਹਾਡੀ ਸ਼ਨਾਖਤ ਕਰਾਂਗੇ। ਅਸੀਂ ਤੁਹਾਨੂੰ ਤੁਹਾਡਾ ਨਾਮ ਅਤੇ ਜਨਮ ਤਾਰੀਖ਼ ਪੁੱਛਾਂਗੇ ਜਾਂ ਤੁਹਾਡਾ ਫੋਟੋ ਵਾਲਾ ਸ਼ਨਾਖਤ ਪੱਤਰ ਦੇਖਣ ਦੀ ਮੰਗ ਕਰਾਂਗੇ।
- ਹਫਤੇ ਦੇ ਅੰਤ ਜਾਂ ਵਿਧਾਨਕ ਛੁੱਟੀਆਂ 'ਤੇ ਕੋਈ ਅਪੌਇੰਟਮੈਂਟਾਂ ਨਹੀਂ ਹੁੰਦੀਆਂ।
- ਅਪੌਇੰਟਮੈਂਟਾਂ ਥੋੜ੍ਹੇ ਸਮੇਂ ਦੇ ਨੋਟਿਸ 'ਤੇ ਬਦਲ ਸਕਦੀਆਂ ਹਨ। ਜੇ ਤੁਸੀਂ ਕਿਸੇ ਬਾਹਰਲੇ ਸ਼ਹਿਰ ਤੋਂ ਆਏ ਹੋਏ ਮਰੀਜ਼ ਹੋ ਤਾਂ ਕਿਰਪਾ ਕਰਕੇ ਆਪਣੇ ਯਾਤਰਾ ਪ੍ਰਬੰਧਾਂ ਅਤੇ ਰਿਹਾਇਸ਼ਾਂ ਵਿੱਚ ਕੁਝ ਲਚਕਤਾ ਰੱਖੋ।

# ਮਾੜੇ ਪ੍ਰਭਾਵ

## Side Effects

ਰੇਡੀਏਸ਼ਨ ਟ੍ਰੀਟਮੈਂਟ ਕੈਂਸਰ ਸੈੱਲਾਂ ਨੂੰ ਨੁਕਸਾਨ ਪਹੁੰਚਾ ਦਿੰਦਾ ਹੈ ਪਰ ਟ੍ਰੀਟਮੈਂਟ ਵਾਲੀ ਥਾਂ ਵਿੱਚ ਆਮ ਟਿਸ਼ੂਆਂ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ। ਆਮ ਟਿਸ਼ੂਆਂ ਨੂੰ ਹੋਇਆ ਨੁਕਸਾਨ ਟ੍ਰੀਟਮੈਂਟ ਦੇ ਮਾੜੇ ਪ੍ਰਭਾਵ ਦਾ ਕਾਰਣ ਬਣ ਸਕਦਾ ਹੈ।

ਹੇਠ ਲਿਖੇ ਕਾਰਣਾਂ ਉੱਪਰ ਨਿਰਭਰ ਕਰਦਿਆਂ ਇਹ ਮਾੜੇ ਪ੍ਰਭਾਵ ਵੱਖ-ਵੱਖ ਹੋ ਸਕਦੇ ਹਨ:

- ਤਜਵੀਜ਼ ਕੀਤੀ ਰੇਡੀਏਸ਼ਨ ਦੀ ਮਿਕਦਾਰ।
- ਤੁਹਾਡੇ ਸਰੀਰ ਦਾ ਟ੍ਰੀਟਮੈਂਟ ਅਧੀਨ ਹਿੱਸਾ।
- ਟ੍ਰੀਟਮੈਂਟ ਵਾਲੇ ਹਿੱਸਾ ਕਿੰਨਾ ਵੱਡਾ ਹੈ।
- ਤੁਹਾਡੀ ਕੀਮੋਥੈਰੇਪੀ ਕੀਤੀ ਜਾ ਰਹੀ ਹੈ ਜਾਂ ਨਹੀਂ।

ਤੁਹਾਡੀ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਇਹ ਵਰਣਨ ਕਰੇਗੀ ਕਿ ਤੁਹਾਡੇ ਟ੍ਰੀਟਮੈਂਟ ਦੌਰਾਨ ਜਾਂ ਉਸ ਤੋਂ ਬਾਅਦ ਤੁਹਾਨੂੰ ਮਾੜੇ ਪ੍ਰਭਾਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਆਪਣੇ ਇਲਾਜ ਦੌਰਾਨ ਰੇਡੀਏਸ਼ਨ ਦੇ ਮਾੜੇ ਪ੍ਰਭਾਵਾਂ ਬਾਰੇ ਗੱਲ ਕਰਨ ਲਈ ਤੁਸੀਂ ਸਮੇਂ ਸਮੇਂ ਸਿਰ ਕਿਸੇ ਨਰਸ ਜਾਂ ਡਾਕਟਰ ਨੂੰ ਮਿਲਦੇ ਰਹੋਗੇ। ਹੋ ਸਕਦਾ ਹੈ ਕਿ ਤੁਸੀਂ ਜਿਹੜੇ ਡਾਕਟਰ ਨੂੰ ਮਿਲੋ ਉਹ ਤੁਹਾਡਾ ਰੇਡੀਏਸ਼ਨ ਓਨਕੋਲੋਜਿਸਟ ਨਾ ਹੋਵੇ।

ਜੇ ਤੁਹਾਨੂੰ ਨਰਸ ਜਾਂ ਡਾਕਟਰ ਨਾਲ ਹੋਣ ਵਾਲੀਆਂ ਮੁਲਾਕਾਤਾਂ ਵਿਚਕਾਰ ਕੋਈ ਸਮੱਸਿਆ ਜਾਂ ਚਿੰਤਾ ਹੈ ਤਾਂ ਕਿਰਪਾ ਕਰਕੇ ਆਪਣੇ ਰੇਡੀਏਸ਼ਨ ਚਿਕਿਤਸਕਾਂ ਨਾਲ ਗੱਲ ਕਰੋ ਜੋ ਤੁਰੰਤ ਤੁਹਾਡੀ ਮਦਦ ਕਰ ਸਕਦੇ ਹਨ।

### ਥਕੇਵਾਂ

### Fatigue

ਥਕੇਵੇਂ ਦਾ ਮਤਲਬ ਹੈ ਬਹੁਤ ਜ਼ਿਆਦਾ ਥੱਕੇ-ਟੁੱਟੇ ਮਹਿਸੂਸ ਕਰਨਾ। ਜੇ ਤੁਸੀਂ ਥੱਕੇ ਹੋਏ ਹੋ ਤਾਂ ਹੋ ਸਕਦਾ ਹੈ ਕਿ ਤੁਸੀਂ ਆਰਾਮ ਕਰਨਾ ਚਾਹੁੰਦੇ ਹੋਵੋ ਅਤੇ ਤੁਸੀਂ ਬਹੁਤ ਜ਼ਿਆਦਾ ਸੌਂਵੋ।

ਥਕਾਵਟ ਦੇ ਬਹੁਤ ਸਾਰੇ ਕਾਰਣ ਹੁੰਦੇ ਹਨ:

- ਰੇਡੀਏਸ਼ਨ ਥੈਰੇਪੀ
- ਤੁਹਾਡੇ ਕੈਂਸਰ ਦੇ ਬੀਤੇ ਸਮੇਂ ਵਿੱਚ ਹੋਏ ਟ੍ਰੀਟਮੈਂਟ
- ਜਜ਼ਬਾਤੀ ਤਣਾਅ
- ਜੀਵਨਸ਼ੈਲੀ ਵਿੱਚ ਤਬਦੀਲੀਆਂ

ਤੁਸੀਂ ਆਪਣੀ ਆਮ ਜੀਵਨਸ਼ੈਲੀ ਨੂੰ ਜਾਰੀ ਰੱਖਣ ਦੇ ਯੋਗ ਹੋ ਸਕਦੇ ਹੋ ਜਾਂ ਤੁਹਾਨੂੰ ਆਪਣੀ ਊਰਜਾ ਦੇ ਪੱਧਰ ਅਨੁਸਾਰ ਆਪਣੀ ਰੁਟੀਨ ਨੂੰ ਵਿਵਸਥਿਤ ਕਰਨ ਦੀ ਲੋੜ ਪੈ ਸਕਦੀ ਹੈ। ਤੁਸੀਂ ਬੀ.ਸੀ. ਕੈਂਸਰ ਵੈੱਬਸਾਈਟ 'ਤੇ ਥਕਾਵਟ ਨਾਲ ਨਜਿੱਠਣਾ ਪੇਜ 'ਤੇ ਵੀ ਜਾ ਸਕਦੇ ਹੋ।

## ਜ਼ਿਆਦਾ ਖੰਘ ਆਉਣੀ ਅਤੇ ਸਾਹ ਚੜ੍ਹਨਾ

### Increased Coughing and Shortness of Breath

ਤੁਹਾਨੂੰ ਵਧੇਰੇ ਖੰਘ ਆ ਸਕਦੀ ਹੈ ਅਤੇ ਤੁਹਾਨੂੰ ਖੰਘ ਵਿੱਚ ਜ਼ਿਆਦਾ ਬਲਗਮ (ਸਾਫ਼ ਗਾੜ੍ਹਾ ਤਰਲ) ਜਾਂ ਸੰਭਵੀ ਤੌਰ 'ਤੇ ਖ਼ੂਨ ਆ ਸਕਦਾ ਹੈ। ਤੁਹਾਡਾ ਸਾਹ ਵੀ ਉੱਖੜ ਸਕਦਾ ਹੈ (ਜਿਸ ਨੂੰ ਡਿਸਪਨਿਆ ਕਿਹਾ ਜਾਂਦਾ ਹੈ)।

ਇਨ੍ਹਾਂ ਮਾੜੇ ਪ੍ਰਭਾਵਾਂ ਵਿੱਚ ਮਦਦ ਲਈ:

- ਤਰਲ ਪਦਾਰਥ ਪੀਓ ਤਾਂ ਕਿ ਬਲਗਮ ਜ਼ਿਆਦਾ ਗਾੜ੍ਹੀ ਜਾਂ ਚਿਪਚਿਪੀ ਨਾ ਹੋ ਜਾਵੇ।
- ਰਿਕਲਾਈਨਿੰਗ ਚੇਅਰ ਵਿੱਚ ਆਰਾਮ ਕਰੋ ਜਾਂ ਲੰਮੇ ਪੈਣ ਸਮੇਂ ਆਪਣੀ ਪਿੱਠ ਨੂੰ ਉੱਚੀ ਰੱਖਣ ਲਈ ਹੇਠਾਂ ਸਿਰ੍ਹਾਣੇ ਰੱਖੋ। ਪਿੱਠ ਉੱਤੇ ਚਪਟੇ ਹੋ ਕੇ ਪੈਣ ਨਾਲ ਤੁਹਾਡੀ ਖੰਘ ਬਦਤਰ ਹੋ ਸਕਦੀ ਹੈ।

ਸਾਡੀ ਬੀ.ਸੀ. ਕੈਂਸਰ ਵੈੱਬਸਾਈਟ 'ਤੇ ਸਾਹ ਨਾ ਆਉਣਾ ਵਾਲੇ ਪੰਨੇ ਵਿੱਚ ਆਰਾਮ ਦੀਆਂ ਕਸਰਤਾਂ ਬਾਰੇ ਵਧੇਰੇ ਜਾਣਕਾਰੀ ਅਤੇ ਵੇਰਵੇ ਹਨ।

## ਖਾਣ ਵਿੱਚ ਮੁਸ਼ਕਲ, ਭੁੱਖ ਨਾ ਲੱਗਣੀ ਅਤੇ ਭਾਰ ਘਟਣਾ

### Difficulty Eating, Loss of Appetite, and Weight Loss

ਤੁਹਾਨੂੰ ਆਪਣੇ ਰੇਡੀਏਸ਼ਨ ਟ੍ਰੀਟਮੈਂਟ ਦੌਰਾਨ ਖਾਣ ਵਿੱਚ ਮੁਸ਼ਕਲ ਅਤੇ/ਜਾਂ ਭੁੱਖ ਦੀ ਕਮੀ ਹੋ ਸਕਦੀ ਹੈ। ਇਸ ਨਾਲ ਭਾਰ ਘੱਟ

ਹੋ ਸਕਦਾ ਹੈ। ਆਪਣੇ ਭਾਰ ਨੂੰ ਬਰਕਰਾਰ ਰੱਖਣਾ ਬਹੁਤ ਮਹੱਤਵਪੂਰਣ ਹੈ ਤਾਂ ਜੋ ਤੁਹਾਡੇ ਸਰੀਰ ਦਾ ਆਕਾਰ ਉਹੀ ਹੋਵੇ ਜੋ ਕਿ ਤੁਹਾਡੇ ਇਲਾਜ ਦੀ ਯੋਜਨਾ ਬਣਾਏ ਜਾਣ ਸਮੇਂ ਸੀ। ਚੰਗੀ ਤਰ੍ਹਾਂ ਖਾਣਾ ਤੁਹਾਨੂੰ ਊਰਜਾ ਵੀ ਦਿੰਦਾ ਹੈ ਅਤੇ ਤੁਹਾਨੂੰ ਮਾੜੇ ਪ੍ਰਭਾਵਾਂ ਨਾਲ ਨਜਿੱਠਣ ਵਿੱਚ ਮਦਦ ਵੀ ਕਰਦਾ ਹੈ।

ਪੇਸ਼ ਹਨ ਕੁਝ ਨੁਕਤੇ:

- ਥੋੜ੍ਹੀ-ਥੋੜ੍ਹੀ ਦੇਰ ਬਾਅਦ ਖਾਓ ਪਰ ਘੱਟ ਭੋਜਨ ਅਤੇ ਸਨੈਕਸ ਖਾਓ।
- ਉੱਚ ਕੈਲੋਰੀ, ਉੱਚ ਪ੍ਰੋਟੀਨ ਵਾਲੇ ਭੋਜਨ ਖਾਓ।
- ਉਦੋਂ ਖਾਓ ਜਦੋਂ ਤੁਹਾਨੂੰ ਸਭ ਤੋਂ ਵੱਧ ਭੁੱਖ ਲੱਗੀ ਹੁੰਦੀ ਹੈ।
- ਹਰ ਰੋਜ਼ ਘੱਟੋ ਘੱਟ 8-10 ਕੱਪ (2-2.5 ਲਿਟਰ) ਤਰਲ ਪਦਾਰਥ ਪੀਣ ਦੀ ਕੋਸ਼ਿਸ਼ ਕਰੋ (ਜੇ ਤੁਹਾਡੀ ਖੁਰਾਕ ਮੁਤਾਬਕ ਤਰਲ ਪੀਣ ਉੱਪਰ ਬੰਦਿਸ਼ਾਂ ਨਾ ਲੱਗੀਆਂ ਹੋਣ)

ਵਧੇਰੇ ਜਾਣਕਾਰੀ ਲਈ, ਬੀ.ਸੀ. ਕੈਂਸਰ ਵੈੱਬਸਾਈਟ 'ਤੇ ਪੋਸ਼ਣ ਜਾਣਕਾਰੀ ਪੰਨੇ 'ਤੇ ਜਾਓ। ਇਹ ਹੈਂਡਆਊਟ  ਤੁਹਾਡੀ ਮਦਦ ਕਰ ਸਕਦੇ ਹਨ:

- ਘੱਟ ਭੁੱਖ ਲੱਗਣ 'ਤੇ ਮਦਦ ਵਿੱਚ ਭੋਜਨ ਦੇ ਸੁਝਾਅ
- ਤਰਲ ਪਦਾਰਥਾਂ ਦੀ ਖਪਤ ਵਧਾਉਣੀ
- ਆਸਾਨੀ ਨਾਲ ਚਬਾਉਣ ਯੋਗ ਚੀਜ਼ਾਂ ਦੀਆਂ ਪਾਕ-ਵਿਧੀਆਂ

ਜੇ ਤੁਹਾਨੂੰ ਪੱਕਾ ਪਤਾ ਨਹੀਂ ਹੈ ਕਿ ਕੀ ਖਾਣਾ ਜਾਂ ਪੀਣਾ ਹੈ, ਜਾਂ ਤੁਹਾਨੂੰ ਭਾਰ ਘਟਾਉਣ ਵਿੱਚ ਮੁਸ਼ਕਿਲ ਹੋ ਰਹੀ ਹੈ, ਤਾਂ ਕਿਰਪਾ ਕਰਕੇ ਬੀ.ਸੀ. ਕੈਂਸਰ ਦੇ ਆਹਾਰ-ਮਾਹਰ ਨਾਲ ਗੱਲ ਕਰਨ ਦੀ ਮੰਗ ਕਰੋ।

## ਨਿਗਲਣ ਵਿੱਚ ਮੁਸ਼ਕਲ (ਡਿਸਫੈਜੀਆ)

### Difficulty Swallowing (Dysphagia)

ਜੇ ਤੁਹਾਡੀ ਇਸੋਫੇਗਸ (ਨਿਗਲਣ ਵਾਲੀ ਨਲੀ) ਟ੍ਰੀਟਮੈਂਟ ਵਾਲੇ ਹਿੱਸੇ ਵਿੱਚ ਸ਼ਾਮਲ ਹੈ ਤਾਂ ਤੁਹਾਨੂੰ ਨਿਗਲਣ ਵਿੱਚ ਮੁਸ਼ਕਲ ਆ ਸਕਦੀ ਹੈ ਜਾਂ ਦਰਦ ਹੋ ਸਕਦਾ ਹੈ। ਤੁਹਾਨੂੰ ਇੰਝ ਮਹਿਸੂਸ ਹੋ ਸਕਦਾ ਹੈ ਜਿਵੇਂ ਭੋਜਨ ਅੜ ਗਿਆ ਹੋਵੇ ਜਾਂ ਉਸ ਨੂੰ ਤੁਹਾਡੇ ਢਿੱਡ ਤਕ ਪਹੁੰਚਣ ਵਿੱਚ ਜ਼ਿਆਦਾ ਸਮਾਂ ਲੱਗ ਰਿਹਾ ਹੋਵੇ। ਇਸ ਨਾਲ ਬੇਅਰਾਮੀ ਹੋ ਸਕਦੀ ਹੈ।

ਨਿਗਲਣ ਸੰਬੰਧੀ ਮੁਸ਼ਕਲਾਂ ਕਰਕੇ ਜੇ ਤੁਹਾਨੂੰ ਆਪਣਾ ਭਾਰ ਬਰਕਰਾਰ ਰੱਖਣ ਵਿੱਚ ਮੁਸ਼ਕਲ ਹੋ ਰਹੀ ਹੈ ਤਾਂ ਆਪਣੀ ਬੀ.ਸੀ. ਕੈਂਸਰ

ਸਿਹਤ ਸੰਭਾਲ ਟੀਮ ਨਾਲ ਗੱਲ ਕਰੋ। ਤੁਹਾਨੂੰ ਬੀ.ਸੀ. ਕੈਂਸਰ ਦੇ ਆਹਾਰ-ਮਾਹਰ ਨਾਲ ਗੱਲ ਕਰਨ ਦੀ ਲੋੜ ਪੈ ਸਕਦੀ ਹੈ। ਹੋਰ ਵੇਰਵੇ ਲਈ ਕਿਰਪਾ ਕਰਕੇ ਬੀ.ਸੀ. ਕੈਂਸਰ ਵੈੱਬਸਾਈਟ ਦੇ ਨਿਗਲਣ ਸੰਬੰਧੀ ਮੁਸ਼ਕਲਾਂ ਵਾਲੇ ਪੰਨੇ 'ਤੇ ਜਾਓ।

## ਜੀਅ ਕੱਚਾ ਹੋਣਾ ਅਤੇ ਉਲਟੀਆਂ

### Nausea and Vomiting

ਜੇ ਤੁਹਾਡਾ ਪੇਟ ਟ੍ਰੀਟਮੈਂਟ ਵਾਲੇ ਖੇਤਰ ਵਿੱਚ ਸ਼ਾਮਲ ਕੀਤਾ ਜਾਂਦਾ ਹੈ ਤਾਂ ਤੁਹਾਡਾ ਜੀਅ ਕੱਚਾ ਹੋ ਸਕਦਾ ਹੈ (ਆਪਣੇ ਪੇਟ ਵਿੱਚ ਅਣਸੁਖਾਵਾਂ ਅਹਿਸਾਸ) ਜਾਂ ਤੁਹਾਨੂੰ ਉਲਟੀਆਂ ਆ ਸਕਦੀਆਂ ਹਨ। ਅਸੀਂ ਪ੍ਰਿਸਕ੍ਰਿਪਸ਼ਨ ਤੋਂ ਬਗੈਰ ਮਿਲਣ ਵਾਲੀ ਦਵਾਈ, ਡਿਮੇਨਹਾਈਡ੍ਰੀਨੇਟ (Gravol ® - ਗ੍ਰੈਵੋਲ) ਲੈਣ ਦਾ ਸੁਝਾਅ ਦਿੰਦੇ ਹਾਂ। ਜੇ ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਅਕਸਰ ਜਾਂ ਗੰਭੀਰ ਹੋਵੇ ਤਾਂ ਕਿਸੇ ਤੇਜ਼ ਦਵਾਈ ਬਾਰੇ ਆਪਣੀ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਨਾਲ ਗੱਲ ਕਰੋ।

ਉਲਟੀਆਂ ਕਾਰਣ ਭਾਰ ਘਟ ਸਕਦਾ ਹੈ ਅਤੇ ਡੀਹਾਈਡ੍ਰੇਸ਼ਨ (ਸਰੀਰ ਵਿੱਚ ਪਾਣੀ ਦੀ ਕਮੀ) ਹੋ ਸਕਦੀ ਹੈ। ਰੋਜ਼ਾਨਾ 6-8 ਕੱਪ (1.5 - 2 ਲੀਟਰ) ਤਰਲ ਪਦਾਰਥ ਪੀਣ ਅਤੇ ਸਿਹਤਮੰਦ ਖੁਰਾਕ ਬਰਕਰਾਰ ਰੱਖਣ ਦੀ ਕੋਸ਼ਿਸ਼ ਕਰਨਾ ਮਹੱਤਵਪੂਰਨ ਹੈ।

ਜਦੋਂ ਤੁਹਾਡਾ ਜੀਅ ਕੱਚਾ ਹੋਵੇ ਅਤੇ ਤੁਹਾਨੂੰ ਉਲਟੀਆਂ ਆਉਂਦੀਆਂ ਹੋਣ ਤਾਂ ਇੱਥੇ ਭੋਜਨ ਅਤੇ ਪੀਣ ਦੇ ਕੁਝ ਸੁਝਾਅ ਦਿੱਤੇ ਜਾ ਰਹੇ ਹਨ:

- ਉਹ ਸਾਰੀਆਂ ਚੀਜ਼ਾਂ ਲਿਖੋ ਜਿਨ੍ਹਾਂ ਕਾਰਣ ਤੁਹਾਡਾ ਜੀਅ ਕੱਚਾ ਹੁੰਦਾ ਹੈ ਜਾਂ ਤੁਹਾਨੂੰ ਉਲਟੀਆਂ ਆਉਂਦੀਆਂ ਹਨ।
- ਉਹ ਖਾਓ ਪੀਓ ਜੋ ਤੁਹਾਡੇ ਲਈ ਠੀਕ ਰਹਿੰਦਾ ਹੈ। ਉਹ ਭੋਜਨ ਅਜ਼ਮਾਓ ਜਿਨ੍ਹਾਂ ਨਾਲ ਬੀਤੇ ਸਮੇਂ ਵਿੱਚ ਤੁਸੀਂ ਬਿਹਤਰ ਮਹਿਸੂਸ ਕੀਤਾ ਹੈ।
- ਇਨ੍ਹਾਂ ਭੋਜਨਾਂ ਵਿੱਚ ਘੱਟ ਮਸਾਲੇ ਵਾਲੇ ਭੋਜਨ, ਖੱਟੀ ਕੈਂਡੀ, ਖੁਸ਼ਕ ਕ੍ਰੈਕਰਜ਼, ਟੋਸਟ, ਫਲੈਟ ਜਿੰਜਰ ਏਲ ਜਾਂ ਫਲੈਟ ਸੋਡਾ ਹੋ ਸਕਦੇ ਹਨ।
- ਜਦੋਂ ਤੁਹਾਡਾ ਜੀਅ ਕੱਚਾ ਹੁੰਦਾ ਹੋਵੇ ਜਾਂ ਤੁਹਾਨੂੰ ਉਲਟੀਆਂ ਆਉਂਦੀਆਂ ਹਨ ਤਾਂ ਆਪਣੇ ਮਨਪਸੰਦ ਭੋਜਨ ਖਾਣ ਦੀ ਕੋਸ਼ਿਸ਼ ਨਾ ਕਰੋ। ਇਹ ਤੁਹਾਡੇ ਠੀਕ ਹੋਣ 'ਤੇ ਤੁਹਾਡੇ ਵੱਲੋਂ ਉਨ੍ਹਾਂ ਭੋਜਨਾਂ ਨੂੰ ਨਾਪਸੰਦ ਕੀਤੇ ਜਾਣ ਦਾ ਕਾਰਣ ਬਣ ਸਕਦਾ ਹੈ।

- ਦਿਨ ਵਿੱਚ ਤਿੰਨ ਵਾਰੀ ਵੱਧ ਭੋਜਨ ਖਾਣ ਦੀ ਥਾਂ ਥੋੜ੍ਹਾ-ਥੋੜ੍ਹਾ ਭੋਜਨ ਥੋੜ੍ਹੀ-ਥੋੜ੍ਹੀ ਦੇਰ ਬਾਅਦ ਖਾਣ ਦੀ ਕੋਸ਼ਿਸ਼ ਕਰੋ।
- ਦਿਨ ਦੇ ਸਮੇਂ ਅਕਸਰ ਤਰਲ ਪਦਾਰਥ ਘੁੱਟ-ਘੁੱਟ ਕਰ ਕੇ ਪੀਓ ਜਿਸ ਵਿੱਚ ਪਾਣੀ, ਜੂਸ, ਸੂਪ, ਬਰੌਥ, ਸਪੋਰਟਸ ਡਰਿੰਕ, ਹਰਬਲ ਚਾਹ, ਜਾਂ ਪੋਸ਼ਣ ਵਾਲੇ ਡ੍ਰਿੰਕ ਜਿਵੇਂ ਕਿ Ensure® ਸ਼ਾਮਲ ਹਨ।
- ਭੋਜਨ ਨੂੰ ਹੌਲੀ-ਹੌਲੀ ਅਤੇ ਚੰਗੀ ਤਰ੍ਹਾਂ ਚਬਾਓ।
- ਅਜਿਹੇ ਭੋਜਨ ਖਾਓ ਜੋ ਕੋਸੇ ਜਾਂ ਠੰਢੇ ਹੁੰਦੇ ਹਨ। ਗਰਮ ਭੋਜਨਾਂ ਦੀ ਗੰਧ ਕਾਰਣ ਤੁਹਾਡਾ ਜੀਅ ਕੱਚਾ ਹੋਣਾ ਹੋਰ ਵੀ ਬਦਤਰ ਹੋ ਸਕਦਾ ਹੈ।
- ਚਰਬੀ ਵਾਲੇ, ਤਲੇ ਹੋਏ, ਬਹੁਤ ਮਸਾਲੇਦਾਰ ਜਾਂ ਬਹੁਤ ਮਿੱਠੇ ਭੋਜਨ ਨਾ ਖਾਓ।

ਜੇ ਤੁਹਾਨੂੰ ਪੱਕਾ ਯਕੀਨ ਨਹੀਂ ਹੈ ਕਿ ਕਿਹੜੇ ਤਰਲ ਪਦਾਰਥ ਪੀਣੇ ਹਨ ਜਾਂ ਭੋਜਨ ਖਾਣੇ ਹਨ ਤਾਂ ਆਪਣੀ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਨਾਲ ਗੱਲ ਕਰੋ।

ਤੁਸੀਂ ਬੀ.ਸੀ. ਕੈਂਸਰ ਦੇ ਕਿਸੇ ਡਾਇਟੀਸ਼ੀਅਨ ਨਾਲ ਵੀ ਗੱਲ ਕਰ ਸਕਦੇ ਹੋ ਜਾਂ 8-1-1 'ਤੇ ਕਾਲ ਕਰ ਸਕਦੇ ਹੋ ਅਤੇ ਓਨਕੋਲੋਜੀ ਆਹਾਰ-ਮਾਹਰ ਨਾਲ ਗੱਲ ਕਰਨ ਦੀ ਮੰਗ ਕਰ ਸਕਦੇ ਹੋ। ਵਧੇਰੇ ਜਾਣਕਾਰੀ ਲਈ ਸਾਡੀ ਬੀ.ਸੀ. ਕੈਂਸਰ ਵੈੱਬਸਾਈਟ 'ਤੇ ਜੀਅ ਕੱਚਾ ਹੋਣ ਅਤੇ ਉਲਟੀਆਂ ਆਉਣ ਵਾਲੇ ਪੰਨੇ 'ਤੇ ਜਾਓ।

## ਦਰਦ

**Pain**

ਜੇ ਤੁਹਾਨੂੰ ਕੈਂਸਰ ਜਾਂ ਆਪਣੇ ਟ੍ਰੀਟਮੈਂਟ ਕਾਰਣ ਦਰਦ ਹੋ ਰਹੀ ਹੈ ਤਾਂ ਕਿਰਪਾ ਕਰਕੇ ਆਪਣੀ ਬੀ.ਸੀ. ਕੈਂਸਰ ਸਿਹਤ ਦੇਖਭਾਲ ਟੀਮ ਨੂੰ ਦੱਸੋ। ਨਾਲ ਹੀ, ਬੀ.ਸੀ. ਕੈਂਸਰ ਦੀ ਵੈੱਬਸਾਈਟ 'ਤੇ ਕੈਂਸਰ ਕਾਰਣ ਪੀੜ ਪੰਨੇ 'ਤੇ ਜਾਓ।

## ਚਮੜੀ ਦੀ ਦੇਖਭਾਲ

**Skin Care**

ਜੇ ਤੁਸੀਂ ਬਾਹਰੀ ਰੇਡੀਏਸ਼ਨ ਥੈਰੇਪੀ ਲੈ ਰਹੇ ਹੋ ਤਾਂ ਇਲਾਜ ਕੀਤੇ ਖੇਤਰ ਵਿੱਚ ਚਮੜੀ ਉੱਪਰ ਰੀਐਕਸ਼ਨ ਹੋਣਾ ਸੰਭਵ ਹੈ। ਆਪਣੀ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਨਾਲ ਗੱਲ ਕਰੋ ਕਿ ਕੀ ਤੁਹਾਡੇ ਨਾਲ ਇਹ ਵਾਪਰ ਸਕਦਾ ਹੈ।

ਇਲਾਜ ਕੀਤੇ ਖੇਤਰ ਵਿੱਚ ਚਮੜੀ ਗਰਮ ਜਾਂ ਖੁਸ਼ਕ ਹੋ ਸਕਦੀ ਹੈ ਜਾਂ ਚਮੜੀ ਉੱਪਰ ਖਾਰਸ਼ ਹੋ ਸਕਦੀ ਹੈ। ਚਮੜੀ ਦਾ ਰੰਗ ਬਦਲ ਸਕਦਾ ਹੈ (ਗੁਲਾਬੀ, ਲਾਲ, ਗੂੜ੍ਹਾ ਜਾਂ ਟੈਨ ਹੋਏ ਵਰਗੀ ਦਿੱਖ ਹੋ ਸਕਦੀ ਹੈ) ਅਤੇ ਟ੍ਰੀਟਮੈਂਟ ਵਾਲੇ ਹਿੱਸੇ ਤੋਂ ਤੁਹਾਡੇ ਵਾਲ ਝੜ ਸਕਦੇ ਹਨ।

ਚਮੜੀ ਉੱਪਰ ਹੋਣ ਵਾਲੇ ਬਹੁਤੇ ਰੀਐਕਸ਼ਨ ਟ੍ਰੀਟਮੈਂਟ ਸ਼ੁਰੂ ਕਰਨ ਦੇ ਲਗਭਗ ਪਹਿਲੇ ਹਫ਼ਤੇ ਦੇ ਅੰਦਰ ਸ਼ੁਰੂ ਹੋ ਜਾਂਦੇ ਹਨ, ਪਰ ਹਰੇਕ ਵਿਅਕਤੀ ਵਾਸਤੇ ਸਮਾਂ ਵੱਖਰਾ ਹੋ ਸਕਦਾ ਹੈ। ਕੁਝ ਲੋਕਾਂ ਨੂੰ ਚਮੜੀ ਦਾ ਰੀਐਕਸ਼ਨ ਰੇਡੀਏਸ਼ਨ ਟ੍ਰੀਟਮੈਂਟ ਖ਼ਤਮ ਹੋਣ ਤੋਂ ਬਾਅਦ ਤਕ ਨਹੀਂ ਹੁੰਦਾ।

ਚਮੜੀ ਦੇ ਰੀਐਕਸ਼ਨ ਆਮ ਤੌਰ ’ਤੇ ਤੁਹਾਡੇ ਆਖ਼ਰੀ ਟ੍ਰੀਟਮੈਂਟ ਤੋਂ ਕੁਝ ਹਫ਼ਤੇ ਬਾਅਦ ਆਪਣੇ ਆਪ ਠੀਕ ਹੋ ਜਾਂਦੇ ਹਨ। ਚਮੜੀ ਉੱਪਰ ਆਈਆਂ ਕੁਝ ਤਬਦੀਲੀਆਂ ਪੱਕੇ ਤੌਰ ’ਤੇ ਹੋ ਸਕਦੀਆਂ ਹਨ, ਜਿਵੇਂ ਕਿ ਚਮੜੀ ਦਾ ਰੰਗ ਗੂੜ੍ਹਾ ਹੋਣਾ ਜਾਂ ਚਮੜੀ ਉੱਪਰ ਦਾਗ਼ ਪੈਣੇ (ਇਹ ਕਦੇ ਵੀ ਠੀਕ ਨਹੀਂ ਹੋਣਗੇ)।

**ਤੁਹਾਡੀ ਚਮੜੀ ਦੀ ਰਾਖੀ ਅਤੇ ਚਮੜੀ ਨੂੰ ਆਰਾਮ ਮਹਿਸੂਸ ਕਰਨ ਵਿੱਚ ਮਦਦ ਲਈ ਕੁਝ ਸੁਝਾਅ ਪੇਸ਼ ਹਨ:**

**Here are some tips to protect your skin and help it feel better:**

**ਜੀਵਨਸ਼ੈਲੀ ਅਤੇ ਸਲਾਮਤੀ**

**Lifestyle and well-being**

- ਟ੍ਰੀਟਮੈਂਟ ਵਾਲੇ ਖੇਤਰ ਵਿੱਚ ਚਮੜੀ ਨਾਲ ਕੋਮਲ ਢੰਗ ਨਾਲ ਪੇਸ਼ ਆਓ।
- ਢਿੱਲੇ, ਆਰਾਮਦਾਇਕ ਕੱਪੜੇ ਪਹਿਨੋ।
- ਟ੍ਰੀਟਮੈਂਟ ਵਾਲੀ ਚਮੜੀ ਨੂੰ ਹਵਾ ਅਤੇ ਸਿੱਧੀ ਧੁੱਪ ਤੋਂ ਸੁਰੱਖਿਅਤ ਰੱਖੋ। ਜੇ ਤੁਸੀਂ ਉਸ ਥਾਂ ਨੂੰ ਢਕ ਨਹੀਂ ਸਕਦੇ ਤਾਂ 30 ਜਾਂ ਵੱਧ ਐੱਸ.ਪੀ.ਐੱਫ਼ ਵਾਲੀ ਸੰਨਸਕ੍ਰੀਨ ਵਰਤੋ।
- ਜੇ ਤੁਹਾਡੀ ਚਮੜੀ ਫਟੀ ਹੋਈ ਨਹੀਂ ਹੈ ਜਾਂ ਚਮੜੀ ਉੱਪਰ ਬੇਚੈਨੀ ਨਹੀਂ ਹੈ ਤਾਂ ਤੁਸੀਂ ਤੈਰਾਕੀ ਕਰਨ ਸਕਦੇ ਹੋ ਤੈਰਾਕੀ ਤੋਂ ਬਾਅਦ ਤੁਰੰਤ ਸ਼ਾਵਰ ਲੈਣਾ ਸਭ ਤੋਂ ਵਧੀਆ ਰਹਿੰਦਾ ਹੈ। ਕਲੋਰੀਨ ਨੂੰ ਹੌਲੀ ਹੌਲੀ ਧੋਵੋ, ਸਰੀਰ ਨੂੰ ਤੌਲੀਏ ਨਾਲ ਥਪਥਪਾ ਕੇ ਸੁਕਾਓ ਅਤੇ ਮੌਸਚਰਾਈਜ਼ਰ ਲਗਾਓ।

## ਸਵੱਛਤਾ ਅਤੇ ਮੌਸਚਰਾਈਜ਼ਰ ਲਗਾਉਣਾ

**Hygiene and moisturizing**

- ਖੁਸ਼ਕੀ ਰੋਕਣ ਲਈ ਆਪਣੀ ਚਮੜੀ ਨੂੰ ਨਮ ਰੱਖੋ। ਇਸ ਗੱਲ ਦਾ ਕੋਈ ਸਬੂਤ ਨਹੀਂ ਹੈ ਕਿ ਕੋਈ ਵਿਸ਼ੇਸ਼ ਕ੍ਰੀਮ ਜਾਂ ਉਤਪਾਦ ਇਸ ਲਈ ਬਿਹਤਰ ਹੈ। ਜੇ ਤੁਹਾਨੂੰ ਕੋਈ ਖਾਸ ਉਤਪਾਦ ਜਾਂ ਬ੍ਰਾਂਡ ਪਸੰਦ ਹੈ ਤਾਂ ਕਿਰਪਾ ਕਰਕੇ ਉਸ ਦੀ ਵਰਤੋਂ ਕਰਨੀ ਜਾਰੀ ਰੱਖੋ।
    - ਜੇ ਤੁਹਾਡੇ ਕੋਲ ਮੌਸਚਰਾਈਜ਼ਰ ਨਹੀਂ ਹੈ ਤਾਂ ਪਾਣੀ ਦੇ ਆਧਾਰ ਵਾਲਾ ਮੌਸਚਰਾਈਜ਼ਰ ਵਰਤੋ (ਜਿਸ ਦੀ ਸਮੱਗਰੀ ਸੂਚੀ ਵਿੱਚ ਪਹਿਲਾ ਤੱਤ ਪਾਣੀ ਜਾਂ ਐਕਵਾ ਹੋਵੇ)।
    - ਜਦੋਂ ਤੁਸੀਂ ਆਪਣਾ ਰੇਡੀਏਸ਼ਨ ਟ੍ਰੀਟਮੈਂਟ ਸ਼ੁਰੂ ਕਰ ਲਓ ਤਾਂ ਮੌਸਚਰਾਈਜ਼ਰ ਨੂੰ ਰੋਜ਼ਾਨਾ ਕਈ ਵਾਰੀ ਲਗਾਓ।
    - ਤੁਸੀਂ ਡੀਓਡਰੈਂਟ ਅਤੇ ਐਂਟੀ-ਪਰਸਪੀਰੈਂਟ ਇਸਤੇਮਾਲ ਕਰ ਸਕਦੇ ਹੋ।
    - ਨਹਾਉਂਦੇ ਜਾਂ ਸ਼ਾਵਰ ਲੈਂਦੇ ਹੋਏ ਗਰਮ ਪਾਣੀ ਵਰਤੋ (ਬਹੁਤ ਜ਼ਿਆਦਾ ਗਰਮ ਨਹੀਂ) ਅਤੇ ਸਰੀਰ ਨੂੰ ਨਰਮ ਤੌਲੀਏ ਨਾਲ ਥਪਥਪਾ ਕੇ ਸੁਕਾਓ।
    - ਜੇ ਤੁਸੀਂ ਸ਼ੇਵ ਕਰਨੀ ਚਾਹੁੰਦੇ ਹੋ ਤਾਂ ਇਲੈਕਟ੍ਰਿਕ ਰੇਜ਼ਰ ਵਰਤੋ।
    - ਜੇ ਤੁਹਾਡੀ ਚਮੜੀ ਉੱਪਰ ਕੋਈ ਰੀਐਕਸ਼ਨ ਹੋ ਜਾਵੇ ਤਾਂ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਟ੍ਰੀਟਮੈਂਟ ਵਾਲੇ ਖੇਤਰ ਵਿੱਚ ਤੁਹਾਨੂੰ ਸਟੀਰੌਇਡ ਦੇ ਆਧਾਰ ਵਾਲੀ ਕ੍ਰੀਮ ਜਾਂ ਐਂਟੀਬਾਇਓਟਿਕ ਲਗਾਉਣ ਲਈ ਕਹਿ ਸਕਦੀ ਹੈ।

## ਟ੍ਰੀਟਮੈਂਟ ਵਾਲੇ ਖੇਤਰ ਲਈ 'ਨਾ ਕਰਨ ਵਾਲੇ' ਕੰਮ

**'Do Nots' for the treatment area**

- ਟ੍ਰੀਟਮੈਂਟ ਕੀਤੀ ਚਮੜੀ 'ਤੇ ਪਰਫਿਊਮ, ਅਲਕੋਹਲ, ਅਸਟ੍ਰਿਨਜੈਂਟ ਅਤੇ ਚਿਪਕਾਉਣ ਵਾਲੀਆਂ ਵਸਤਾਂ ਨਾ ਵਰਤੋ।
- ਬਹੁਤ ਜ਼ਿਆਦਾ ਗਰਮ ਜਾਂ ਠੰਢੀਆਂ ਚੀਜ਼ਾਂ ਤੋਂ ਗੁਰੇਜ਼ ਕਰੋ (ਹੀਟਿੰਗ ਪੈਡ, ਆਈਸ ਪੈਕ, ਸੌਨਾ ਆਦਿ)।
- ਹੌਟ ਟੱਬ ਜਾਂ Jacuzzis® (ਜਕੂਜ਼ੀਆਂ) ਦੀ ਵਰਤੋਂ ਨਾ ਕਰੋ।
- ਟ੍ਰੀਟਮੈਂਟ ਵਾਲੀ ਚਮੜੀ ਨੂੰ ਰਗੜਨਾ, ਖੁਰਚਨਾ ਨਹੀਂ ਹੈ ਅਤੇ ਉਸ ਦੀ ਮਾਲਿਸ਼ ਨਹੀਂ ਕਰਨੀ ਹੈ।

## ਸਹਾਰਾ ਦੇਣ ਵਾਲੀਆਂ ਸੇਵਾਵਾਂ

### Support Services

ਬੀ.ਸੀ. ਕੈਂਸਰ ਵੱਲੋਂ ਕੈਂਸਰ ਨਾਲ ਜੀਵਨ ਬਸਰ ਕਰਨ ਵਾਲਿਆਂ ਨੂੰ ਆਪਣੀ ਸੰਭਾਲ ਦੇ ਭੌਤਿਕ, ਵਿਹਾਰਕ, ਭਾਵਨਾਤਮਕ ਅਤੇ ਮਨੋਵਿਗਿਆਨਕ ਪਹਿਲੂਆਂ ਨਾਲ ਨਜਿੱਠਣ ਵਿੱਚ ਮਦਦ ਕੀਤੀ ਜਾਂਦੀ ਹੈ।

- ਵਸੀਲੇ ਸਾਡੀ ਵੈੱਬਸਾਈਟ ’ਤੇ ਲੱਭੇ ਜਾ ਸਕਦੇ ਹਨ: www.bccancer.bc.ca/coping
- ਮਰੀਜ਼ਾਂ ਅਤੇ ਪਰਿਵਾਰਾਂ ਵਾਸਤੇ ਖੇਤਰੀ ਕਾਊਂਸਲਿੰਗ ਅਤੇ ਸਹਾਰੇ ਦੇ ਗਰੁੱਪ ਉਪਲਬਧ ਹਨ: www.bccancer.bc.ca/suppportprograms
- ਆਨਲਾਈਨ ਸਹਾਰਾ ਉਪਲਬਧ ਹੈ: www.cancerchatcanada.ca

***ਜੇ ਤੁਹਾਡੇ ਕੋਈ ਸਵਾਲ ਜਾਂ ਸਰੋਕਾਰ ਹਨ ਤਾਂ ਕਿਰਪਾ ਕਰਕੇ ਆਪਣੀ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਨਾਲ ਗੱਲ ਕਰੋ***

***If you have any questions or concerns, please talk to your BC Cancer health care team***

## ਸ਼ਰਾਬ ਅਤੇ ਸਿਗਰੇਟਨੋਸ਼ੀ

### Alcohol and Smoking

ਕਿਰਪਾ ਕਰਕੇ ਕੋਸ਼ਿਸ਼ ਕਰੋ ਕਿ ਤੁਸੀਂ ਆਪਣੇ ਟ੍ਰੀਟਮੈਂਟ ਦੌਰਾਨ ਸਿਗਰੇਟ ਨਾ ਪੀਓ। ਸਿਗਰੇਟ ਪੀਣ ਕਾਰਣ ਵਧੇਰੇ ਬੇਚੈਨੀ ਹੋ ਸਕਦੀ ਹੈ ਅਤੇ ਤੁਹਾਡੇ ਵੱਲੋਂ ਮਹਿਸੂਸ ਕੀਤੇ ਜਾਂਦੇ ਮਾੜੇ ਪ੍ਰਭਾਵਾਂ ਵਿੱਚ ਵਾਧਾ ਹੋ ਸਕਦਾ ਹੈ।

ਸਿਗਰੇਟ ਪੀਣੀ ਬੰਦ ਕਰਨ ਨਾਲ ਹਰ ਉਮਰ ਦੇ ਲੋਕਾਂ ਨੂੰ ਤੁਰੰਤ ਫਾਇਦੇ ਪਹੁੰਚਦੇ ਹਨ। ਇਸ ਨਾਲ:

- ਤੁਹਾਡੇ ਸਰੀਰ ਦੀ ਸਿਹਤਯਾਬ ਹੋਣ ਦੀ ਸਮਰੱਥਾ ਵਿੱਚ ਸੁਧਾਰ ਆਉਂਦਾ ਹੈ।
- ਕੈਂਸਰ ਟ੍ਰੀਟਮੈਂਟ ਪ੍ਰਤੀ ਤੁਹਾਡੇ ਸਰੀਰ ਦੀ ਪ੍ਰਤੀਕਿਰਿਆ ਵਿੱਚ ਸੁਧਾਰ ਆਉਂਦਾ ਹੈ।
- ਤੁਹਾਡਾ ਕੈਂਸਰ ਮੁੜ ਵਾਪਸ ਆਉਣ ਜਾਂ ਕਿਸੇ ਹੋਰ ਕੈਂਸਰ ਦੇ ਵਿਕਸਤ ਹੋਣ ਦਾ ਖ਼ਤਰਾ ਘਟਦਾ ਹੈ।
- ਤੁਹਾਨੂੰ ਨਿਮੋਨੀਆ ਹੋਣ ਅਤੇ ਤੁਹਾਡੀ ਸਾਹ ਦੀ ਪ੍ਰਣਾਲੀ ਫੇਲ ਹੋਣ (ਜਦੋਂ ਤੁਹਾਡੇ ਫੇਫੜੇ ਸਹੀ ਢੰਗ ਨਾਲ ਕੰਮ ਨਹੀਂ ਕਰ ਸਕਦੇ) ਦਾ ਖ਼ਤਰਾ ਘਟਦਾ ਹੈ।

ਜੇ ਤੁਸੀਂ ਤਮਾਕੂ ਦੀ ਵਰਤੋਂ ਕਰਦੇ ਹੋ ਜਾਂ ਤੁਸੀਂ ਹਾਲ ਹੀ ਵਿੱਚ ਤਮਾਕੂ ਛੱਡੀ ਹੈ ਤਾਂ ਆਪਣੀ ਬੀ.ਸੀ. ਕੈਂਸਰ ਸਿਹਤ ਦੇਖਭਾਲ ਟੀਮ ਤੋਂ ਹੋਰ ਜਾਣਕਾਰੀ ਲਓ। ਤੁਸੀਂ ਬੀ.ਸੀ. ਕੈਂਸਰ ਵੈੱਬਸਾਈਟ ’ਤੇ ਸਿਗਰੇਟਨੋਸ਼ੀ ਛੱਡਣ ਦਾ ਪ੍ਰੋਗਰਾਮ ਵਾਲਾ ਪੰਨਾ ਵੀ ਦੇਖ

ਸਕਦੇ ਹੋ।

ਤੁਹਾਡੇ ਸਰੀਰ ਦੇ ਟ੍ਰੀਟਮੈਂਟ ਖੇਤਰ 'ਤੇ ਨਿਰਭਰ ਕਰਦੇ ਹੋਏ, ਸ਼ਰਾਬ ਤੁਹਾਡੇ ਵੱਲੋਂ ਮਹਿਸੂਸ ਕੀਤੇ ਜਾਣ ਵਾਲੇ ਮਾੜੇ ਪ੍ਰਭਾਵਾਂ ਨੂੰ ਵਿਗਾੜ ਸਕਦੀ ਹੈ। ਕੁਝ ਲੋਕਾਂ ਲਈ ਥੋੜ੍ਹੀ ਮਾਤਰਾ ਵਿੱਚ ਸ਼ਰਾਬ ਠੀਕ ਹੋ ਸਕਦੀ ਹੈ। ਕਿਰਪਾ ਕਰਕੇ ਆਪਣੀ ਬੀ.ਸੀ. ਕੈਂਸਰ ਸਿਹਤ ਸੰਭਾਲ ਟੀਮ ਤੋਂ ਪਤਾ ਕਰੋ।